# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :13-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਸਰਵਉੱਚ ਅਦਾਲਤ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਪਰਾਲੀ ਸਾੜ੍ਹਨ, ਨੂੰ ਰੋਕਣ ਲਈ ਕੀਤੇ ਗਏ ਉਪਾਵਾਂ 'ਤੇ ਦਰਜਾ ਰਿਪੋਰਟ ਦਾਇਰ ਕਰਨ ਦਾ ਦਿੱਤਾ ਨਿਰਦੇਸ਼ ।
- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪੰਜਾਬ ਵਿੱਚ ਪਲਾਸਟਿਕ ਪ੍ਰਦੂਸ਼ਣ ਦੀ ਰੋਕਥਾਮ ਲਈ ਆਪਣੀ ਕਿਸਮ ਦਾ ਪਹਿਲਾ ਕਦਮ ਚੁਕਦਿਆਂ, ਸੂਬੇ ਦੇ 6 ਸ਼ਹਿਰਾਂ ਵਿੱਚ ਪਲਾਸਟਿਕ ਵੇਸਟ ਬ੍ਰਾਂਡ ਦਾ ਆਡਿਟ ਕੀਤਾ।

- ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਦੀਆਂ ਵੋਟਾਂ ਦੀ ਗਿਣਤੀ ਕੱਲ -ਸਾਰੀਆਂ ਤਿਆਰੀਆਂ ਮੁਕੰਮਲ।
- ਪੰਜਾਬ ਪੁਲਿਸ ਨੇ ਪਾਕਿਸਤਾਨ ਸਥਿਤ ਆਈ.ਐਸ.ਆਈ ਸਮਰਥਿਤ ਗ੍ਰਨੇਡ ਹਮਲੇ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 10 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ।

## ਹੁਣ ਖਬਰਾਂ ਵਿਸਥਾਰ ਨਾਲ

ਸਰਵਉੱਚ ਅਦਾਲਤ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਪਰਾਲੀ ਸਾੜਨ, ਜੋ ਕਿ ਦਿੱਲੀ-NCR ਖੇਤਰ ਵਿੱਚ ਹਵਾ ਪ੍ਰਦੂਸ਼ਣ ਦਾ ਇਕ ਕਾਰਨ ਏ, ਨੂੰ ਰੋਕਣ ਲਈ ਕੀਤੇ ਗਏ ਉਪਾਵਾਂ 'ਤੇ ਦਰਜਾ ਰਿਪੋਰਟ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਏ। ਚੀਫ਼ ਜਸਟਿਸ, BR ਗਵਈ ਅਤੇ ਜਸਟਿਸ K. ਵਿਨੋਦ ਚੰਦਰਨ ਦੀ ਬੈਂਚ ਨੇ ਇਹਨਾਂ ਸੂਬਿਆਂ ਨੂੰ ਰਿਪੋਰਟ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਏ, ਜਿਸ ਵਿੱਚ ਕਿਹਾ ਗਿਆ ਏ ਕਿ ਉਹ, ਅਗਲੇ ਹਫ਼ਤੇ ਦਿੱਲੀ-NCR ਵਿੱਚ ਹਵਾ ਪ੍ਰਦੂਸ਼ਣ ਦੇ ਮੁੱਦੇ 'ਤੇ ਸੁਣਵਾਈ ਕਰੇਗਾ। ਸਿਖਰਲੀ ਅਦਾਲਤ ਇਸ ਸਮੇਂ ਹਵਾ ਪ੍ਰਦੂਸ਼ਣ 'ਤੇ 1985 ਵਿੱਚ ਦਾਇਰ

ਇੱਕ ਪਟੀਸ਼ਨ ਦੀ ਸੁਣਵਾਈ ਕਰ ਰਹੀ ਏ, ਅਤੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦਾ ਮੁੱਦਾ ਇਸ ਤੋਂ ਉੱਠਿਆ ਏ। ਇਸ ਤੋਂ ਪਹਿਲਾਂ, ਰਾਸ਼ਟਰੀ ਰਾਜਧਾਨੀ ਖੇਤਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਹਵਾ ਗੁਣਵਤਾ ਦੇ ਪ੍ਰਬੰਧਨ ਬਾਰੇ ਕਮਿਸ਼ਨ ਨੇ ਫਤਿਹਾਬਾਦ ਦੇ ਡਿਪਟੀ ਕਮਿਸ਼ਨਰ ਨੂੰ ਹਰਿਆਣਾ ਵਿੱਚ ਝੋਨੇ ਦੀ ਪਰਾਲੀ ਸਾੜ੍ਹਨ ਤੋਂ ਰੋਕਣ ਦੇ ਉਦੇਸ਼ ਨਾਲ ਦਿੱਤੇ ਗਏ ਨਿਰਦੇਸ਼ਾਂ ਦੀ ਪਾਲਣਾ ਨਾ ਕਰਨ ਲਈ ਇੱਕ ਨੋਟਿਸ ਜਾਰੀ ਕੀਤਾ ਸੀ।

---------------------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਸੂਬੇ ਵਿੱਚ ਪਲਾਸਟਿਕ ਪ੍ਰਦੂਸ਼ਣ ਦੀ ਰੋਕਥਾਮ ਕਰਨ ਲਈ, ਦੇਸ਼ ਵਿੱਚ ਆਪਣੀ ਕਿਸਮ ਦਾ ਪਹਿਲਾ ਕਦਮ ਚੁਕਿਆ ਏ । ਬੋਰਡ ਨੇ ਪੰਜਾਬ ਦੇ 6 ਸ਼ਹਿਰਾਂ ਮੋਹਾਲੀ, ਜਲੰਧਰ, ਲੁਧਿਆਣਾ, ਅੰਮ੍ਰਿਤਸਰ, ਪਟਿਆਲਾ ਅਤੇ ਬਠਿੰਡਾ ਵਿੱਚ ਪਲਾਸਟਿਕ ਵੇਸਟ ਬ੍ਰਾਂਡ ਦਾ ਆਡਿਟ ਕੀਤਾ ਏ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿਹੜੀਆਂ ਕੰਪਨੀਆਂ ਸਭ ਤੋਂ ਵੱਧ ਪਲਾਸਟਿਕ ਕੂੜਾ ਪੈਦਾ ਕਰਦੀਆਂ ਨੇ ।

## ਪੇਸ਼ ਏ ਇੱਕ ਰਿਪੋਰਟ

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ 4 ਬਹੁ-ਰਾਸ਼ਟਰੀ ਕੰਪਨੀਆਂ ਸਮੇਤ 14 ਵੱਡੀਆਂ ਕੰਪਨੀਆਂ ਦਾ ਪਤਾ ਲਾਇਆ ਏ ਜੋ ਮੁਸ਼ਕਲ ਨਾਲ ਰੀਸਾਇਕਿਲ ਹੋਣ ਵਾਲਾ ਪਲਾਸਟਿਕ ਕੂੜਾ ਪੈਦਾ ਕਰਨ ਵਾਲੀਆਂ ਮੁਖ ਕੰਪਨੀਆਂ ਨੇ ਅਤੇ ਕਰੀਬ 59 ਫੀਸਦੀ ਅਜਿਹੀ ਰਹਿੰਦ-ਖੂੰਹਦ ਲਈ ਜ਼ਿੰਮੇਵਾਰ ਨੇ ਜੋ ਮੁੜ੍ਹ ਤੋਂ ਵਰਤੋਂ ਯੋਗ ਨਹੀਂ ਬਣਾਈ ਜਾ ਸਕਦੀ. ਇਨ੍ਹਾਂ ਕੰਪਨੀਆਂ ਦੀ ਪਛਾਣ ਉਨ੍ਹਾਂ ਵਲੋਂ ਵੱਖ-ਵੱਖ ਬ੍ਰਾਂਡ ਨਾਵਾਂ ਹੇਠ ਵਰਤੇ ਗਏ 11 ਹਜ਼ਾਰ 810 ਪਲਾਸਟਿਕ ਪੈਕੇਟਾਂ ਦਾ ਵਿਸ਼ਲੇਸ਼ਣ ਕਰਨ ਤੋਂ ਬਾਅਦ ਕੀਤੀ ਗਈ ਏ । ਜਦੋਂ ਕਿ, ਪੀਪੀਸੀਬੀ ਵਲੋਂ ਅਧਿਐਨ ਕੀਤੇ ਗਏ ਕੁੱਲ ਨਗਰ ਪਾਲਿਕਾ ਰਹਿੰਦ-ਖੂੰਹਦ ਵਿੱਚੋਂ 6 ਹਜ਼ਾਰ 991 ਕਿਲੋਗ੍ਰਾਮ, ਮੁਸ਼ਕਲ ਨਾਲ ਰੀਸਾਇਕਿਲ ਹੋਣ ਵਾਲਾ ਪਲਾਸਟਿਕ ਕੂੜਾ ਪਾਇਆ ਗਿਆ ਏ । ਆਕਾਸ਼ਵਾਣੀ ਖਬਰਾਂ ਨਾਲ ਗੱਲ ਕਰਦਿਆਂ  ਪੀਪੀਸੀਬੀ ਦੇ ਚੇਅਰਪਰਸਨ, ਰੀਨਾ ਗੁਪਤਾ ਨੇ ਦੱਸਿਆ ਕਿ ਬੋਰਡ ਨੇ ਇਨ੍ਹਾਂ 14 ਪ੍ਰਮੁੱਖ ਬ੍ਰਾਂਡਾਂ ਨੂੰ ਤਲਬ ਕੀਤਾ ਏ ਅਤੇ ਉਨ੍ਹਾਂ ਵਲੋਂ ਪੈਦਾ ਕੀਤੇ ਜਾ ਰਹੇ ਪਲਾਸਟਿਕ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਸਪੱਸ਼ਟ ਅਤੇ ਸਮਾਂਬੱਧ ਰਣਨੀਤੀਆਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ. ਉਨ੍ਹਾਂ ਕਿਹਾ ਕਿ ਕਿਸੇ ਵੀ ਕੰਪਨੀ ਨੂੰ ਪੰਜਾਬ ਨੂੰ ਪ੍ਰਦੂਸ਼ਿਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਪ੍ਰਦੂਸ਼ਣ ਫੈਲਾਉਣ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਪੀਪੀਸੀਬੀ ਪੰਜਾਬ ਨੂੰ, ਸਾਫ਼-ਸੁਥਰਾ ਅਤੇ ਪਲਾਸਟਿਕ ਪ੍ਰਤੀ ਜ਼ਿੰਮੇਵਾਰ ਸੂਬੇ ਵੱਲ ਲਿਜਾਣ ਲਈ ਲੋਕਾਂ ਦੇ ਯੋਗਦਾਨ ਤੋਂ ਇਲਾਵਾ ਨਿਗਰਾਨੀ, ਲਾਗੂਕਰਨ ਅਤੇ ਸਨਅਤੀ ਸਹਿਯੋਗ ਨੂੰ ਵਧਾਉਣਾ ਜਾਰੀ ਰੱਖੇਗਾ। ਆਕਾਸ਼ਵਾਣੀ ਖਬਰਾਂ ਲਈ ਜਲੰਧਰ ਤੋਂ ਮੈ ਰਾਜੇਸ਼ ਬਾਲੀ .

-----------------------------------------------------------------

ਵਿਧਾਨ ਸਭਾ ਹਲਕਾ ਤਰਨਤਾਰਨ ਦੀ 11 ਨਵੰਬਰ ਨੂੰ ਹੋਈ ਜ਼ਿਮਨੀ ਚੋਣ ਦੀਆਂ ਵੋਟਾਂ ਦੀ ਗਿਣਤੀ ਕੱਲ ਸਵੇਰੇ 8 ਵਜੇ ਪਿੱਦੀ ਦੇ ਇੰਟਰਨੈਸ਼ਨਲ ਕਾਲਜ ਆਫ਼ ਨਰਸਿੰਗ ਵਿਖੇ ਹੋਵੇਗੀ । ਵੋਟਾਂ ਦੀ ਗਿਣਤੀ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਨੇ । ਰਿਟਰਨਿੰਗ ਅਫ਼ਸਰ  ਗੁਰਮੀਤ ਸਿੰਘ ਨੇ ਦੱਸਿਆ ਕਿ ਜ਼ਿਮਨੀ ਚੋਣ ਦੌਰਾਨ ਕੁੱਲ 15 ਉਮੀਦਵਾਰ ਚੋਣ ਮੈਦਾਨ ਵਿੱਚ ਹਨ ਜਦਕਿ ਈ.ਵੀ.ਐੱਮ ਵਿੱਚ 16 ਨੰਬਰ ਉੱਪਰ ਨੋਟਾ ਐਡ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ ਲਈ ਦੋ ਹਾਲ ਬਣਾਏ ਗਏ ਨੇ , ਜਿਨ੍ਹਾਂ ਵਿੱਚ ਇੱਕ ਹਾਲ ਵਿੱਚ ਈ.ਵੀ.ਐੱਮ. ਦੀਆਂ ਵੋਟਾਂ ਦੀ ਗਿਣਤੀ ਹੋਵੇਗੀ। ਈ.ਵੀ.ਐੱਮ. ਦੀਆਂ ਵੋਟਾਂ ਦੀ ਗਿਣਤੀ ਲਈ 14 ਕਾਉਂਟਰ ਲਗਾਏ ਗਏ ਹਨ ਜਦਕਿ ਦੂਸਰੇ ਹਾਲ ਵਿੱਚ ਪੋਸਟਲ ਬੈਲਟ ਪੇਪਰਾਂ ਦੀ ਗਿਣਤੀ ਹੋਵੇਗੀ ਅਤੇ ਉਸ ਵਿੱਚ 7 ਗਿਣਤੀ ਮੇਜ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਹਰ ਮੇਜ  ਉੱਪਰ ਗਿਣਤੀ ਕਰਨ ਵਾਲੇ 3 ਕਰਮਚਾਰੀਆਂ ਦਾ ਸਟਾਫ਼ ਬੈਠੇਗਾ ਜਿਸ ਵਿੱਚ ਇੱਕ ਮਾਈਕਰੋ ਅਬਜ਼ਰਵਰ, ਇੱਕ ਗਿਣਤੀ

ਸੁਪਰਵਾਈਜਰ ਅਤੇ ਇੱਕ ਗਿਣਤੀ ਸਹਾਇਕ  ਸ਼ਾਮਿਲ ਹੋਵੇਗਾ। ਉਨ੍ਹਾਂ ਦੱਸਿਆ ਕਿ ਗਿਣਤੀ ਦੌਰਾਨ ਉਮੀਦਵਾਰਾਂ ਦੇ ਗਿਣਤੀ ਏਜੰਟ ਵੀ ਨਾਲ ਮੌਜੂਦ ਹੋਣਗੇ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਸ਼ੁਰੂ ਹੋਵੇਗੀ ਅਤੇ ਗਿਣਤੀ ਦੇ ਕੁੱਲ 16 ਗੇੜ ਹੋਣਗੇ।

-----------------------------------------------------------

9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਜਸ਼ਨਾਂ ਦੇ ਸੁਰੱਖਿਅਤ ਅਤੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਨੇ ਇੱਕ ਵਿਆਪਕ, ਬਹੁ-ਪੱਧਰੀ ਸੁਰੱਖਿਆ ਅਤੇ ਸਹੂਲਤ ਯੋਜਨਾ ਲਾਗੂ ਕੀਤੀ ਏ । ਇਸੇ ਸਿਲਸਿਲੇ ਵਿਚ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ੇਸ਼ ਡੀ.ਜੀ.ਪੀ ਅਰਪਿਤ ਸ਼ੁਕਲਾ, ਸੁਰੱਖਿਆ ਬਾਰੇ ਵਿਸ਼ੇਸ਼ ਡੀ.ਜੀ.ਪੀ ਸੁਧਾਂਸ਼ੂ ਐਸ ਸ੍ਰੀਵਾਸਤਵ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਨਾਲ, ਜ਼ਮੀਨੀ ਪੱਧਰ 'ਤੇ ਵਿਆਪਕ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ । ਅਰਪਿਤ ਸ਼ੁਕਲਾ ਨੇ ਦਸਿਆ ਕਿ ਇਸ ਵਿੱਚ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਨਿਗਰਾਨੀ, ਰਣਨੀਤਕ ਬਲ ਤਾਇਨਾਤੀ ਅਤੇ 24 ਘੰਟੇ ਤਾਲਮੇਲ

ਕੀਤਾ ਗਿਆ ਏ। ਸ੍ਰੀ ਅਨੰਦਪੁਰ ਸਾਹਿਬ ਵਿਖੇ 23 ਤੋਂ 25 ਨਵੰਬਰ ਤੱਕ ਹੋਣ ਵਾਲੇ ਯਾਦਗਾਰੀ ਸਮਾਗਮਾਂ ਵਿੱਚ ਦੁਨੀਆ ਭਰ ਤੋਂ ਲੱਖਾਂ ਸ਼ਰਧਾਲੂਆਂ ਦੇ ਆਉਣ ਦੀ ਉਮੀਦ ਏ। ਵਿਸ਼ੇਸ਼ ਡੀਜੀਪੀ ਨੇ ਦੱਸਿਆ ਕਿ ਲਗਭਗ 10,000 ਮੁਲਾਜ਼ਮ ਦਾ ਬਲ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੁਰੱਖਿਆ ਪ੍ਰਬੰਧ ਅਤਿ-ਆਧੁਨਿਕ ਤਕਨਾਲੋਜੀ 'ਤੇ ਬਹੁਤ ਜ਼ਿਆਦਾ ਨਿਰਭਰ ਨੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਾਰੇ ਪ੍ਰਵੇਸ਼ ਅਤੇ ਨਿਕਾਸ ਸਥਾਨਾਂ 'ਤੇ ਚਿਹਰੇ ਦੀ ਪਛਾਣ ਲਈ ਆਧੁਨਿਕ ਕੈਮਰਿਆਂ ਨਾਲ ਇੱਕ ਉੱਚ-ਤਕਨੀਕੀ ਕੰਟਰੋਲ ਰੂਮ ਸਥਾਪਤ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਕਾਨੂੰਨ ਵਿਵਸਥਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਬਣਾਈ ਰੱਖਣ ਲਈ ਮਾਊਂਟਡ ਪੁਲਿਸ ਗਸ਼ਤ ਅਤੇ ਸਮਾਰਟ ਬੈਰੀਕੇਡਾਂ ਦੀ ਵਰਤੋਂ ਵੀ ਕੀਤੀ ਜਾਵੇਗੀ।

---------------------------------------------------

ਪੰਜਾਬ ਪੁਲਿਸ ਨੇ ਵਿਦੇਸ਼ੀ ਹੈਂਡਲਰਾਂ ਦੇ 10 ਮੁੱਖ ਸੰਚਾਲਕਾਂ ਨੂੰ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਸਥਿਤ ਆਈ.ਐਸ.ਆਈ ਸਮਰਥਿਤ ਗ੍ਰਨੇਡ ਹਮਲੇ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਪੁਲਿਸ

ਮੁਖੀ ਗੌਰਵ ਯਾਦਵ ਨੇ ਦਸਿਆ ਕਿ ਲੁਧਿਆਣਾ ਤੋਂ ਗ੍ਰਿਫ਼ਤਾਰ ਕੀਤੇ ਗਏ ਤਿੰਨ ਮੁਲਜ਼ਮਾਂ ਤੋਂ ਇੱਕ ਚੀਨ ਦਾ ਬਣਿਆ ਹੱਥ ਗੋਲਾ ਬਰਾਮਦ ਕੀਤਾ ਗਿਆ ਏ। ਉਨ੍ਹਾਂ ਨੂੰ ਮਲੇਸ਼ੀਆ ਸਥਿਤ ਹੈਂਡਲਰਾਂ ਨੇ ਸੂਬੇ ਵਿੱਚ ਅਸ਼ਾਂਤੀ ਪੈਦਾ ਕਰਨ ਲਈ ਪੰਜਾਬ ਦੇ ਇੱਕ ਆਬਾਦੀ ਵਾਲੇ ਖੇਤਰ ਵਿੱਚ ਗ੍ਰੇਨੇਡ ਹਮਲਾ ਕਰਨ ਦਾ ਕੰਮ ਸੌਂਪਿਆ ਸੀ। ਇਨ੍ਹਾਂ ਤਿੰਨਾਂ ਦੀ ਪਛਾਣ ਸ੍ਰੀ ਮੁਕਤਸਰ ਸਾਹਿਬ ਦੇ ਰਹਿਣ ਵਾਲੇ ਕੁਲਦੀਪ ਸਿੰਘ, ਸ਼ੇਖਰ ਸਿੰਘ ਅਤੇ ਅਜੈ ਸਿੰਘ ਵਜੋਂ ਹੋਈ ਏ। ਇਸ ਮਾਮਲੇ ਵਿੱਚ ਕੋਰੀਅਰ ਅਤੇ ਸੁਵਿਧਾ ਪ੍ਰਦਾਨ ਕਰਨ ਵਾਲਿਆਂ ਦੀ ਭੂਮਿਕਾ ਲਈ ਸੱਤ ਹੋਰਾਂ ਨੂੰ ਵੱਖ-ਵੱਖ ਜੇਲ੍ਹਾਂ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਏ। ਉਨ੍ਹਾਂ ਦਸਿਆ ਕਿ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਦੋਸ਼ੀ ਹੈਂਡ ਗ੍ਰੇਨੇਡ ਚੁੱਕਣ ਅਤੇ ਡਿਲੀਵਰੀ ਦਾ ਤਾਲਮੇਲ ਕਰਨ ਲਈ ਤਿੰਨ ਮਲੇਸ਼ੀਆ ਸਥਿਤ ਆਪਰੇਟਰਾਂ ਰਾਹੀਂ ਪਾਕਿਸਤਾਨ ਸਥਿਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ। ਲੁਧਿਆਣਾ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਿਹਾ ਕਿ ਗੈਰ-ਕਾਨੂੰਨੀ ਗਤੀਵਿਧੀਆਂ ਦੀ ਰੋਕਥਾਮ ਬਾਰੇ ਐਕਟ -UAPA ਲਾਗੂ ਕਰ ਦਿੱਤਾ ਗਿਆ ਏ ਅਤੇ ਵਿਦੇਸ਼ਾਂ ਤੋਂ ਕੰਮ ਕਰ ਰਹੇ ਮੁਲਜ਼ਮਾਂ ਵਿਰੁੱਧ

ਰੈੱਡ ਕਾਰਨਰ ਨੋਟਿਸ  ਜਾਰੀ ਕੀਤੇ ਗਏ ਨੇ । ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਏ ।

-------------------------------------------------------

ਇੱਕ ਹੋਰ ਮਾਮਲੇ ਵਿੱਚ, ਬਟਾਲਾ ਪੁਲਿਸ ਨੇ ਇੱਕ ਮੁਕਾਬਲੇ ਤੋਂ ਬਾਅਦ ਦੋ ਵਿਅਕਤੀਆਂ ਨੂੰ, ਦੋ ਵਿਦੇਸ਼ੀ ਪਿਸਤੌਲਾਂ ਅਤੇ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਗਈ ਕਾਰਵਾਈ ਦੌਰਾਨ ਇੱਕ ਦੋਸ਼ੀ ਮਲਕੀਤ ਸਿੰਘ ਨੇ ਪੁਲਿਸ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਇੱਕ ਲੁਕਵੇਂ ਹਥਿਆਰ ਦੀ ਵਰਤੋਂ ਕਰਕੇ ਪੁਲਿਸ  'ਤੇ ਗੋਲੀਬਾਰੀ ਕੀਤੀ । ਥੋੜ੍ਹੀ ਸਮੇਤ ਬਾਅਦ ਉਨ੍ਹਾਂ ਨੂੰ ਕਾਬੂ ਕਰ ਲਿਆ ਗਿਆ । ਜਾਂਚ ਤੋਂ ਪਤਾ ਚੱਲਦਾ ਏ ਕਿ ਦੋਵਾਂ ਮੁਲਜ਼ਮਾਂ ਨੂੰ ਮਿਥ ਕੇ ਕਤਲ ਕਰਨ ਦਾ ਕੰਮ ਸੌਂਪਿਆ ਗਿਆ ਸੀ। ਉਨ੍ਹਾਂ ਦਾ ਅਪਰਾਧਿਕ ਪਿਛੋਕੜ ਏ ਜਿਸ 'ਤੇ ਕਤਲ ਦੀ ਕੋਸ਼ਿਸ਼, ਨਸ਼ਿਆਂ ਦੀ ਰੋਕਥਾਮ ਬਾਰੇ ਐਕਟ ਅਤੇ ਅਸਲਾ ਐਕਟ ਦੇ ਤਹਿਤ ਮਾਮਲੇ ਦਰਜ ਹਨ। ਮੁਲਜ਼ਮ ਮਲਕੀਤ ਸਿੰਘ ਬੀਤੇ ਅਗਸਤ ਮਹੀਨੇ  ਵਿੱਚ ਕਲਾਨੌਰ

ਬੱਸ ਅੱਡੇ  'ਤੇ ਵਿਰੋਧੀ ਗਿਰੋਹ ਦੇ ਮੈਂਬਰਾਂ ਨਾਲ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਵੀ ਸ਼ਾਮਲ ਸੀ ਅਤੇ ਉਦੋਂ ਤੋਂ ਫਰਾਰ ਸੀ।

------------------------------------------------------------

ਪੰਜਾਬ ਦੀ ਰਾਜ ਪੱਧਰੀ ਬੈਂਕਰਜ਼ ਕਮੇਟੀ ਦੀ ਅਗਵਾਈ ਹੇਠ, ਅੰਮ੍ਰਿਤਸਰ, ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ ਅਤੇ ਮੋਹਾਲੀ ਜ਼ਿਲ੍ਹਿਆਂ ਵਿੱਚ ਕੱਲ ਨੂੰ ਇੱਕ ਵਿਸ਼ਾਲ ਜਨ ਜਾਗਰੂਕਤਾ ਕੈਂਪ ਲਗਾਇਆ ਜਾਵੇਗਾ। ਪੰਜਾਬ ਨੈਸ਼ਨਲ ਬੈਂਕ ਦੇ ਡਿਪਟੀ ਜਨਰਲ ਮੈਨੇਜਰ ਰਾਮ ਕਿਸ਼ੋਰ ਮੀਨਾ ਨੇ ਦੱਸਿਆ ਕਿ ਲੀਡ ਜ਼ਿਲ੍ਹਾ ਮੈਨੇਜਰ ਸਾਰੀਆਂ ਵਿੱਤੀ ਸੰਸਥਾਵਾਂ ਨਾਲ ਸੰਪਰਕ ਕਰਨਗੇ ਅਤੇ ਭਾਰਤ ਸਰਕਾਰ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਨ੍ਹਾਂ ਜ਼ਿਲ੍ਹਿਆਂ ਵਿੱਚ ਇਹ ਕੈਂਪ ਲਗਾਉਣਗੇ । ਬੈਂਕਿੰਗ, ਬੀਮਾ, ਪੈਨਸ਼ਨ ਅਤੇ ਮਿਊਚੁਅਲ ਫੰਡ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਕੈਂਪ ਵਿੱਚ ਹਿੱਸਾ ਲੈਣਗੇ। ਸ਼੍ਰੀ ਮੀਨਾ ਨੇ ਦੱਸਿਆ ਕਿ ਜੇਕਰ ਬੈਂਕ ਜਮ੍ਹਾਂ ਰਕਮ 10 ਸਾਲਾਂ ਤੱਕ ਬਿਨ ਦਾਅਵੇ ਰਹਿੰਦੀ ਏ, ਤਾਂ ਉਹ ਭਾਰਤੀ ਰਿਜ਼ਰਵ ਬੈਂਕ ਕੋਲ ਚਲੀ ਜਾਂਦੀ ਏ  । ਕੈਂਪ ਵਿੱਚ ਅਜਿਹੀਆਂ ਪੁਰਾਣੀਆਂ ਲਾਵਾਰਿਸ

ਜਮ੍ਹਾਂ ਰਕਮਾਂ, ਮਿਊਚੁਅਲ ਫੰਡਾਂ ਅਤੇ ਬੀਮਾ ਰਕਮਾਂ ਨੂੰ ਕਿਵੇਂ ਪ੍ਰਾਪਤ ਕਰਨਾ ਏ ਬਾਰੇ ਵਿਸਥਾਰ ਵਿਚ ਜਾਣਕਾਰੀ ਦਿਤੀ ਜਾਵੇਗੀ।

---------------------------------------------------------------

ਲੁਧਿਆਣਾ ਸਥਿਤ ਆਰਮੀ ਦਫ਼ਤਰ ਵਿੱਚ ਕੱਲ ਨੂੰ ਸਪਰਸ਼ ਆਊਟਰੀਚ ਪ੍ਰੋਗਰਾਮ" ਕਰਵਾਇਆ ਜਾਵੇਗਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਰੱਖਿਆ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀਆਂ ਸਾਲਾਨਾ ਸ਼ਿਕਾਇਤਾਂ ਦੀ ਪਛਾਣ ਕਰਨਾ ਅਤੇ ਹੱਲ ਕਰਨਾ ਏ। ਖਾਸ ਤੌਰ 'ਤੇ, ਇਹ ਦੇਸ਼ ਵਿਆਪੀ ਡਿਜੀਟਲ ਜੀਵਨ ਪ੍ਰਮਾਣੀਕਰਣ ਮੁਹਿੰਮ 'ਤੇ ਕੇਂਦ੍ਰਿਤ ਹੋਵੇਗੀ, ਤਾਂ ਜੋ ਰੱਖਿਆ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਲਈ 100 ਫੀਸਦੀ ਜੀਵਨ ਪ੍ਰਮਾਣੀਕਰਣ ਪ੍ਰਾਪਤ ਕੀਤਾ ਜਾ ਸਕੇ ਅਤੇ ਪੈਨਸ਼ਨ ਵਿੱਚ ਖੜੋਤ ਤੋਂ ਬਚਿਆ ਜਾ ਸਕੇ। ਸਾਰੇ ਸਬੰਧਤ ਪੈਨਸ਼ਨਰ, ਸਾਬਕਾ ਸੈਨਿਕ ਅਤੇ ਹਿੱਸੇਦਾਰ ਇਸ ਪ੍ਰੋਗਰਾਮ ਵਿੱਚ ਕੱਲ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਸ਼ਾਮਿਲ ਹੋ ਸਕਦੇ ਨੇ ।

---------------------------------------------------------------

ਸੰਚਾਰ ਮੰਤਰਾਲੇ ਅਧੀਨ ਪੰਜਾਬ ਟੈਲੀਕਾਮ ਸਰਕਲ, ਚੰਡੀਗੜ੍ਹ ਦੇ

ਕੰਟਰੋਲਰ ਆਫ਼ ਕਮਿਊਨੀਕੇਸ਼ਨ ਅਕਾਊਂਟਸ ਦਫ਼ਤਰ ਵੱਲੋਂ ਅੱਜ ਜਲੰਧਰ ਵਿਖੇ ਪੈਨਸ਼ਨਰਾਂ ਲਈ ਜੀਵਨ-ਪ੍ਰਮਾਣ ਪੱਤਰ ਕੈਂਪ ਦਾ ਆਯੋਜਨ ਕੀਤਾ ਗਿਆ। ਰਾਸ਼ਟਰ ਵਿਆਪੀ ਡਿਜੀਟਲ ਜੀਵਨ-ਪ੍ਰਮਾਣ ਪੱਤਰ ਮੁਹਿੰਮ ਤਹਿਤ ਤਹਿਤ ਆਯੋਜਿਤ ਇਹ ਕੈਂਪ ਪੈਨਸ਼ਨਰਾਂ ਦੀ ਭਲਾਈ ਅਤੇ ਸਹੂਲਤ ਨੂੰ ਸਮਰਪਿਤ ਰਿਹਾ । ਇਸ ਕੈਂਪ ਦਾ ਮੰਤਵ ਪੈਨਸ਼ਨਰਾਂ ਦੇ ਜੀਵਨ ਪ੍ਰਮਾਣ-ਪੱਤਰ ਅੱਪਡੇਟ ਦੀ ਸਹੂਲਤ, ਸਿਹਤ ਜਾਗਰੂਕਤਾ ਨੂੰ ਹੁਲਾਰਾ ਅਤੇ ਸਾਈਬਰ ਸੁਰੱਖਿਆ ਅਤੇ ਬੈਂਕਿੰਗ ਜਾਣਕਾਰੀ ਨੂੰ ਵਧਾਉਣਾ ਸੀ। ਕੈਂਪ ਦਾ ਉਦਘਾਟਨ, ਜੁਆਇੰਟ ਕੰਟਰੋਲਰ ਆਫ਼ ਕਮਿਊਨੀਕੇਸ਼ਨ ਅਕਾਊਂਟਸ ਡਾ. ਮਨਦੀਪ ਸਿੰਘ ਨੇ ਕੀਤੀ । ਕੈਂਪ ਵਿੱਚ ਇੱਕ ਵਿਸ਼ੇਸ਼ ਕਾਊਂਟਰ ਸਥਾਪਤ ਕੀਤਾ ਗਿਆ, ਜਿੱਥੇ ਪੈਨਸ਼ਨਰਾਂ ਨੂੰ ਡਿਜੀਟਲ ਲਾਈਫ਼ ਸਰਟੀਫਿਕੇਟ (ਜੀਵਨ ਪ੍ਰਮਾਣ) ਤਿਆਰ ਕਰਨ ਅਤੇ ਜਮ੍ਹਾਂ ਕਰਨ ਵਿੱਚ ਸਹਾਇਤਾ ਕੀਤੀ ਗਈ, ਜਿਸ ਨਾਲ ਵੱਖ-ਵੱਖ ਦਫਤਰਾਂ ਵਿੱਚ ਜਾਣ ਦੀ ਲੋੜ ਖ਼ਤਮ ਹੋ ਗਈ । ਬੈਂਕਿੰਗ ਸੰਸਥਾਵਾਂ ਦੇ ਪ੍ਰਤੀਨਿਧੀ ਬੈਂਕਿੰਗ ਸਹੂਲਤਾਂ, ਸਹਾਇਤਾ ਅਤੇ ਵਿੱਤੀ ਸਾਖਰਤਾ ਨਾਲ ਸਬੰਧਤ ਸਵਾਲਾਂ ਦੇ ਜਵਾਬ ਦੇਣ ਲਈ ਵੀ ਮੌਜੂਦ ਸਨ।

ਤੰਦਰੁਸਤੀ ਪਹਿਲਕਦਮੀ ਦੇ ਹਿੱਸੇ ਵਜੋਂ, ਫੋਰਟਿਸ ਹਸਪਤਾਲ ਦੇ ਸਹਿਯੋਗ ਨਾਲ ਇੱਕ ਸਿਹਤ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿੱਚ ਬਜ਼ੁਰਗ ਨਾਗਰਿਕਾਂ ਨੂੰ ਮੁੱਢਲੇ ਡਾਕਟਰੀ ਟੈਸਟ, ਸਿਹਤ ਸਲਾਹ-ਮਸ਼ਵਰੇ ਅਤੇ ਤੰਦਰੁਸਤੀ ਸਲਾਹ ਪ੍ਰਦਾਨ ਕੀਤੀ ਗਈ। ਬਜ਼ੁਰਗ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਵੱਧ ਰਹੇ ਔਨਲਾਈਨ ਧੋਖਾਧੜੀ ਦੇ ਮੱਦੇਨਜ਼ਰ, ਪੰਜਾਬ ਪੁਲਿਸ ਦੇ ਸਾਈਬਰ ਸੈੱਲ ਦੇ ਸਹਿਯੋਗ ਨਾਲ ਇੱਕ ਸਾਈਬਰ ਸੁਰੱਖਿਆ ਜਾਗਰੂਕਤਾ ਸੈਸ਼ਨ ਵੀ  ਆਯੋਜਿਤ ਕੀਤਾ ਗਿਆ, ਜਿਸ ਵਿੱਚ ਭਾਗੀਦਾਰਾਂ ਨੂੰ ਸੁਰੱਖਿਅਤ ਡਿਜੀਟਲ ਬੈਂਕਿੰਗ ਅਭਿਆਸਾਂ, ਮੋਬਾਈਲ ਬੈਂਕਿੰਗ ਦੀ ਸੁਰੱਖਿਅਤ ਵਰਤੋਂ ਅਤੇ ਸਾਈਬਰ ਧੋਖਾਧੜੀ ਦੀ ਰੋਕਥਾਮ ਬਾਰੇ ਜਾਗਰੂਕ ਕੀਤਾ ਗਿਆ।

-------------------------------------------------------

ਝੋਨੇ ਦੀ ਸੁਚਾਰੂ ਖ਼ਰੀਦ ਨੂੰ ਯਕੀਨੀ ਬਣਾਉਣ ਵਿੱਚ ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਸਦਕਾ 12 ਨਵੰਬਰ ਤੱਕ 11 ਲਖ 31 ਹਜ਼ਾਰ 270 ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦਾ ਲਾਭ ਮਿਲਿਆ ਏ ।

ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਵਿੱਚ ਖਰੀਦ, ਚੁਕਾਈ ਅਤੇ ਅਦਾਇਗੀ ਦੀ ਪ੍ਰਕਿਰਿਆ ਪੂਰੇ ਜੋਰਾਂ ਨਾਲ ਚੱਲ ਰਹੀ ਏ। ਹੁਣ ਤੱਕ 96 ਹਜ਼ਾਰ 920 ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦਾ ਲਾਭ ਮਿਲਣ ਨਾਲ ਪਟਿਆਲਾ ਜ਼ਿਲ੍ਹਾ ਸਭ ਤੋਂ ਏ।

----------------------------------------------------

ਪੁਲਿਸ ਕਮਿਸ਼ਨਰੇਟ ਜਲੰਧਰ ਦੇ ਅਧਿਕਾਰ ਖੇਤਰ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਣਾਈ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ ਤਹਿਤ ਸਮੂਹ ਰੇਸਤਰਾਂ , ਕਲੱਬ ਅਤੇ ਹੋਰ ਅਜਿਹੀਆਂ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਅੱਧੀ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਨੇ। ਪੁਲਿਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਵਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਏ ਕਿ ਪੁਲਿਸ ਕਮਿਸ਼ਨਰੇਟ ਦੀ ਹੱਦ ਅੰਦਰ ਕਿਸੇ ਵੀ ਰੇਸਤਰਾਂ, ਕਲੱਬ ਜਾਂ ਹੋਰ ਖਾਣ-ਪੀਣ ਵਾਲੀਆਂ ਥਾਵਾਂ ਵਿੱਚ ਰਾਤ ਸਾਢੇ 11 ਵਜੇ ਤੋਂ ਬਾਅਦ ਭੋਜਨ, ਪੀਣ ਵਾਲੇ ਪਦਾਰਥ ਦਾ ਕੋਈ ਆਰਡਰ ਨਹੀਂ ਲਿਆ

ਜਾਵੇਗਾ ਅਤੇ ਨਾ ਹੀ ਕਿਸੇ ਵੀ ਨਵੇਂ ਗਾਹਕ ਨੂੰ ਰਾਤ ਸਾਢੇ 11 ਵਜੇ ਤੋਂ ਬਾਅਦ ਖਾਣ-ਪੀਣ ਵਾਲੀ ਥਾਵਾਂ ਵਿੱਚ ਦਾਖ਼ਲ ਹੋਣ ਦੀ ਇਜਾਜ਼ਤ ਹੋਵੇਗੀ। ਸ਼ਰਾਬ ਦੀਆਂ ਦੁਕਾਨਾਂ ਨਾਲ ਲੱਗਦੇ ਅਹਾਤੇ ਰਾਤ 12 ਵਜੇ ਜਾਂ ਲਾਇਸੈਂਸ ਦੀਆਂ ਸ਼ਰਤਾਂ ਅਨੁਸਾਰ ਮੁਕੰਮਲ ਬੰਦ ਹੋ ਜਾਣੇ ਚਾਹੀਦੇ ਨੇ। ਹੁਕਮਾਂ ਵਿੱਚ ਸਾਰੀਆਂ ਸੰਸਥਾਵਾਂ ਨੂੰ ਆਵਾਜ਼ ਦਾ ਪੱਧਰ 10 ਡੀ.ਬੀ. (ਏ) ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਏ ਕਿ ਕੋਈ ਵੀ ਵਿਅਕਤੀ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਅਤੇ ਲੜਾਈਆਂ-ਝਗੜਿਆਂ ਦੀ ਵਡਿਆਈ ਕਰਨ ਵਾਲੇ ਗੀਤਾਂ ਅਤੇ ਹਥਿਆਰਾਂ ਨੂੰ ਲੈ ਕੇ ਫੋਟੋ ਜਾਂ ਵੀਡੀਓ ਬਣਾ ਕੇ ਸੋਸ਼ਲ ਮੀਡੀਆ ’ਤੇ ਅਪਲੋਡ ਨਹੀਂ ਕਰੇਗਾ, ਅਜਿਹਾ ਕਰਨ ’ਤੇ ਵੀ ਪੂਰਨ ਪਾਬੰਦੀ ਏ। ਇਹ ਹੁਕਮ ਅਗਲੇ ਸਾਲ 6 ਜਨਵਰੀ ਤੱਕ ਲਾਗੂ ਰਹੇਗਾ।

---

- ਸਰਵਉੱਚ ਅਦਾਲਤ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਪਰਾਲੀ ਸਾੜ੍ਹਨ, ਨੂੰ ਰੋਕਣ ਲਈ ਕੀਤੇ ਗਏ ਉਪਾਵਾਂ 'ਤੇ ਦਰਜਾ ਰਿਪੋਰਟ ਦਾਇਰ ਕਰਨ ਦਾ ਦਿੱਤਾ ਨਿਰਦੇਸ਼ ।

- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪੰਜਾਬ ਵਿੱਚ ਪਲਾਸਟਿਕ ਪ੍ਰਦੂਸ਼ਣ ਦੀ ਰੋਕਥਾਮ ਲਈ ਆਪਣੀ ਕਿਸਮ ਦਾ ਪਹਿਲਾ ਕਦਮ ਚੁਕਦਿਆਂ, ਸੂਬੇ ਦੇ 6 ਸ਼ਹਿਰਾਂ ਵਿੱਚ ਪਲਾਸਟਿਕ ਵੇਸਟ ਬ੍ਰਾਂਡ ਦਾ ਆਡਿਟ ਕੀਤਾ।
- ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਦੀਆਂ ਵੋਟਾਂ ਦੀ ਗਿਣਤੀ ਕੱਲ -ਸਾਰੀਆਂ ਤਿਆਰੀਆਂ ਮੁਕੰਮਲ।
- ਪੰਜਾਬ ਪੁਲਿਸ ਨੇ ਪਾਕਿਸਤਾਨ ਸਥਿਤ ਆਈ.ਐਸ.ਆਈ ਸਮਰਥਿਤ ਗ੍ਰਨੇਡ ਹਮਲੇ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 10 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

ਨਮਸਕਾਰ !